# Phone call between Prime Minister ShriNarendraModi and H.E. Giuseppe Conte, Prime Minister of Italy

May 08, 2020

# ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਅਤੇ ਇਟਲੀ ਦੇ ਪ੍ਰਧਾਨ ਮੰਤਰੀ ਮਹਾਮਹਿਮ ਜਿਉਸੇਪ ਕੌਂਟੇ ਦਰਮਿਆਨ ਹੋਈ ਫੋਨ 'ਤੇ ਗੱਲਬਾਤ

8 ਮਈ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਇਟਲੀ ਦੇ ਪ੍ਰਧਾਨ ਮੰਤਰੀ ਮਹਾਮਹਿਮ ਜਿਉਸੇਪ ਕੌਂਟੇ ਨਾਲ ਫੋਨ 'ਤੇ ਗੱਲਬਾਤ ਕੀਤੀ।

ਪ੍ਰਧਾਨ ਮੰਤਰੀ ਨੇ ਇਟਲੀ ਵਿੱਚ COVID -19 ਮਹਾਂਮਾਰੀ ਨਾਲ ਹੋਏ ਜਾਨੀ ਨੁਕਸਾਨ ਉੱਤੇ ਆਪਣਾ ਸੋਗ ਜ਼ਾਹਰ ਕੀਤਾ। ਉਨ੍ਹਾਂ ਨੇ ਇਸ ਸੰਕਟ ਦੌਰਾਨ ਇਟਲੀ ਦੇ ਨਾਗਰਿਕਾਂ ਵੱਲੋਂ ਵਿਖਾਈ ਗਈ ਹਿੰਮਤ ਦੀ ਸ਼ਲਾਘਾ ਕੀਤੀ।

ਦੋਵਾਂ ਆਗੂਆਂ ਨੇ ਆਪੋ ਆਪਣੇ ਦੇਸ਼ਾਂ ਵਿੱਚ ਅਤੇ ਕੌਮਾਂਤਰੀ ਪੱਧਰ ਤੇ ਇਸ ਮਹਾਂਮਾਰੀ ਦੇ ਸਿਹਤ ਸੰਬੰਧੀ ਅਤੇ ਆਰਥਿਕ ਪ੍ਰਭਾਵ ਨਾਲ ਨਜਿੱਠਣ ਲਈ ਲੋੜੀਂਦੇ ਉਪਾਵਾਂ ਬਾਰੇ ਗੱਲਬਾਤ ਕੀਤੀ। ਉਨ੍ਹਾਂ ਨੇ ਇੱਕ ਦੂਜੇ ਪ੍ਰਤੀ ਇੱਕਜੁਟਤਾ ਪ੍ਰਗਟਾਈ ਅਤੇ ਇਕ ਦੂਜੇ ਦੇ ਫਸੇ ਹੋਏ ਨਾਗਰਿਕਾਂ ਲਈ ਕੀਤੇ ਆਪਸੀ ਸਹਿਯੋਗ ਦੀ ਸ਼ਲਾਘਾ ਕੀਤੀ।

ਪ੍ਰਧਾਨ ਮੰਤਰੀ ਨੇ ਸ਼੍ਰੀਮਾਨ ਕੌਂਟੇ ਨੂੰ ਭਾਰਤ ਵੱਲੋਂ ਇਟਲੀ ਨੂੰ ਜ਼ਰੂਰੀ ਦਵਾਈਆਂ ਅਤੇ ਹੋਰ ਚੀਜ਼ਾਂ ਦੀ ਸਪਲਾਈ ਦੇ ਮਾਮਲੇ 'ਚ ਲਗਾਤਾਰ ਮਦਦ ਦੇਣ ਦਾ ਭਰੋਸਾ ਦਿੱਤਾ।

ਦੋਨਾਂ ਨੇਤਾਵਾਂ ਨੇ ਭਾਰਤ ਅਤੇ ਇਟਲੀ ਵਿਚਾਲੇ ਦੁਵੱਲੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਸਰਗਰਮ ਸਲਾਹ-ਮਸ਼ਵਰੇ ਅਤੇ ਸਹਿਯੋਗ ਜਾਰੀ ਰੱਖਣ 'ਤੇ ਆਪਣੀ ਸਹਿਮਤੀ ਪ੍ਰਗਟਾਈ।

ਇਟਲੀ ਦੇ ਪ੍ਰਧਾਨ ਮੰਤਰੀ ਨੇ ਪ੍ਰਧਾਨ ਮੰਤਰੀ ਨੂੰ ਢੁਕਵੇਂ ਸਮੇਂ ਤੇ ਇਟਲੀ ਦੀ ਫੇਰੀ ਕਰਨ ਦਾ ਆਪਣਾ ਸੱਦਾ ਦੁਹਰਾਇਆ।

ਨਵੀਂ ਦਿੱਲੀ
8 ਮਈ, 2020

DISCLAIMER: This is an approximate translation. The original is available in English on MEA’s website and may be referred to as the official press release.